# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਮੇਅਰ ਸ਼ਿਵ ਸੂਦ ਨੇ ਵਾਰਡ ਨੰ: 21 ਦੀਆਂ ਮੁਸ਼ਕਿਲਾਂ ਦੀ ਜਾਣਕਾਰੀ ਲਈ

## **ਵਾਰਡ** ਨੰ: 21 ਵਿੱਚ ਜਲਦ ਹੀ ਲਗੇਗਾ ਨਵਾਂ ਟਿਊਬਵੈਲ

ਹੁਸ਼ਿਆਰਪੁਰ 25 ਮਈ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਅੱਜ ਵਾਰਡ ਨੰ: 21 ਦੇ ਕੌਂਸਲਰ ਹਰਪਿੰਦਰ ਸਿੰਘ ਗਿੱਲ ਦੇ ਨਾਲ ਉਹਨਾਂ ਦੇ ਵਾਰਡ ਦਾ ਦੌਰਾ ਕਰਕੇ ਵਾਰਡ ਦੀਆਂ ਮੁਸ਼ਕਿਲਾਂ ਸਬੰਧੀ ਜਾਣਕਾਰੀ ਹਾਸਲ ਕੀਤੀ। ਕੌਂਸਲਰ ਨੇ ਇਸ ਮੌਕੇ ਤੇ ਮੇਅਰ ਸ਼ਿਵ ਸੂਦ ਨੂੰ ਜਾਣਕਾਰੀ ਦਿੰਦੀਆਂ ਦੱਸਿਆ ਕਿ ਉਹਨਾਂ ਦੇ ਵਾਰਡ ਵਿੱਚ ਛੱਪੜ ਦੇ ਗੰਦੇ ਪਾਣੀ, ਕੁਝ ਗਲੀਆਂ ਦੇ ਬਰਸਾਤੀ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕਰਨ, ਪੁਰਾਣੇ ਸੀਵਰੇਜ਼ ਅਤੇ ਪੀਣ ਵਾਲੇ ਪਾਣੀ ਦੀ ਸਪਲਾਈ ਠੀਕ ਕਰਨ ਲਈ ਕਿਹਾ ਮੇਅਰ ਸ਼ਿਵ ਸੂਦ ਨੇ ਉਹਨਾਂ ਨੂੰ ਭਰੋਸਾ ਦੁਆਇਆ ਕਿ ਨਗਰ ਨਿਗਮ ਵੱਲੋਂ ਉਹਨਾਂ ਦੀਆਂ ਮੰਗਾਂ ਦੇ ਹੱਲ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ ਉਹਨਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਜਲਦੀ ਹੀ ਵਾਰਡ ਨੰ: 21 ਵਿੱਚ ਪੀਣ ਵਾਲੇ ਪਾਣੀ ਦਾ ਨਵਾਂ ਟਿਊਬਵੈਲ ਲਗਾਇਆ ਜਾ ਰਿਹਾ ਹੈ ਜਿਸ ਦੀ ਲਗਣ ਨਾਲ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀਂ ਰਹੇਗੀ। ਕੌਂਸਲਰ ਰਮੇਸ਼ ਕੁਮਾਰ ਠਾਕੁਰ, ਅਸ਼ੋਕ ਕੁਮਾਰ, ਵਿਨੋਦ ਪਰਮਾਰ, ਗੁਰਦੇਵ ਸਿੰਘ, ਦਲਵਿੰਦਰ ਕੁਮਾਰ, ਗੁਰਪਾਲ ਸਿੰਘ, ਲਖਵੀਰ ਸਿੰਘ, ਨੰਬਰਦਾਰ ਅਵਤਾਰ ਸਿੰਘ ਵੀ ਮੌਕੇ ਤੇ ਉਹਨਾਂ ਦੇ ਨਾਲ ਸਨ।